ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਸੰਬੰਧੀ ਵੱਧ ਤੋਂ ਵੱਧ ਉਤਸ਼ਾਹਿਤ ਕੀਤਾ ਜਾਵੇ- ਡਿਪਟੀ ਕਮਿਸ਼ਨਰ

ਅਧਿਕਾਰੀਆਂ ਨੂੰ ਮਿੱਥੇ ਟੀਚੇ ਸਮੇਂ ਸਿਰ ਮੁਕੰਮਲ ਕਰਨ ਦੀ ਕੀਤੀ ਹਦਾਇਤ

ਪਠਾਨਕੋਟ, 27 ਨਵੰਬਰ (ਸੰਧੂ/ਵਿਨੋਦ)- ਕਿਸਾਨਾਂ ਨੂੰ ਕਣਕ-ਝੋਨੇ ਦੇ ਫ਼ਸਲੀ ਚੱਕਰ ਵਿਚੋਂ ਕੱਢ ਕੇ ਬਾਗ਼ਬਾਨੀ ਤੇ ਸਬਜ਼ੀਆਂ ਦੀ ਵੱਧ ਤੋਂ ਵੱਧ ਕਾਸ਼ਤ ਕਰਨ ਲਈ ਜਾਗਰੂਕ ਕੀਤਾ ਜਾਵੇ। ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਡਾ: ਪੱਲਵੀ ਨੇ ਜ਼ਿਲ੍ਹਾ ਖੇਤੀਬਾੜੀ ਉਤਪਾਦਨ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ। ਡਾ: ਪੱਲਵੀ ਨੇ ਕਿਹਾ ਕਿ ਖੇਤੀ ਵਿਭਿੰਨਤਾ ਰਾਹੀਂ ਜਿੱਥੇ ਕਿਸਾਨ ਆਪਣੀ ਆਮਦਨ ਵਿਚ ਚੋਖਾ ਵਾਧਾ ਕਰ ਸਕਦੇ ਹਨ ਉੱਥੇ ਇਸ ਨਾਲ ਜ਼ਮੀਨ ਹੇਠਲੇ ਪਾਣੀ ਦੀ ਵੀ ਬੱਚਤ ਹੁੰਦੀ ਹੈ। ਉਨ੍ਹਾਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਮਿਥੇ ਟੀਚਿਆਂ ਨੂੰ ਸਮੇਂ ਸਿਰ ਪ੍ਰਾਪਤ ਕਰਨ ਨੂੰ ਯਕੀਨੀ ਬਣਾਉਣ। ਮੀਟਿੰਗ ਵਿਚ ਮੁੱਖ ਖੇਤੀਬਾੜੀ ਅਫ਼ਸਰ ਡਾ: ਜਗੀਰ ਸਿੰਘ ਨੇ ਦੱਸਿਆ ਕਿ ਮਿੱਟੀ ਦੇ ਸੈਂਪਲਾਂ ਦਾ 2500 ਦਾ ਟੀਚਾ ਮਿਥਿਆ ਗਿਆ ਹੈ ਜਿਸ ਵਿਚੋਂ ਸਤੰਬਰ ਤੱਕ 1800 ਸੈਂਪਲ ਲੈ ਲਏ ਗਏ ਹਨ। ਉਨ੍ਹਾਂ ਦੱਸਿਆ ਕਿ ਸਾਉਣੀ ਸੀਜ਼ਨ ਦੌਰਾਨ 1385 ਕਿਸਾਨਾਂ ਦੇ ਖੇਤਾਂ ਵਿਚੋਂ ਮਿੱਟੀ ਦੇ ਨਮੂਨੇ ਲੈ ਕੇ ਟੈਸਟ ਕਰਨ ਉਪਰੰਤ ਭੂਮੀ ਸਿਹਤ ਕਾਰਡ ਕਿਸਾਨਾਂ ਨੂੰ ਵੰਡੇ ਗਏ ਹਨ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਨਵੀਨਤਮ ਜਾਣਕਾਰੀ ਦੇਣ ਲਈ ਇਕ ਜ਼ਿਲ੍ਹਾ ਪੱਧਰੀ, 40 ਪਿੰਡ ਪੱਧਰੀ ਤੇ 5 ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਏ ਹਨ। ਉਨ੍ਹਾਂ ਦੱਸਿਆ ਕਿ ਫ਼ਸਲੀ ਵਿਭਿੰਨਤਾ ਸਕੀਮ ਨੂੰ ਹੁਲਾਰਾ ਦੇਣ ਲਈ ਝੋਨੇ ਹੇਠੋਂ ਰਕਬਾ ਕੱਢ ਕੇ ਮੱਕੀ ਬੀਜਣ ਵਾਲੇ 1246 ਲਾਭਪਾਤਰੀਆਂ ਨੂੰ 1,14,84879/-ਰੁਪਏ ਦੀ ਪ੍ਰੋਤਸਾਹਨ ਰਾਸ਼ੀ ਬੈਂਕ ਖਾਤਿਆਂ ਵਿਚ ਪਾ ਦਿੱਤੀ ਗਈ ਹੈ। ਬਾਗ਼ਬਾਨੀ ਵਿਭਾਗ ਦੇ ਅਧਿਕਾਰੀ ਨੇ ਦੱਸਿਆ ਕਿ ਕਿਸਾਨਾਂ ਨੂੰ ਬਾਗ਼ ਲਗਾਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਨਵਾਂ ਪਲਾਂਟੇਸ਼ਨ ਦਾ ਰਕਬਾ 150 ਹੈਕਟੇਅਰ ਦਾ ਟੀਚਾ ਮਿਥਿਆ ਗਿਆ ਹੈ ਜਿਸ ਵਿਚੋਂ 90 ਹੈਕਟੇਅਰ ਰਕਬੇ 'ਚ ਪਲਾਂਟੇਸ਼ਨ ਦਾ ਟੀਚਾ ਪ੍ਰਾਪਤ ਕਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਸਬਜ਼ੀਆਂ, ਫੁੱਲਾਂ, ਮਸਾਲੇਦਾਰ ਫ਼ਸਲਾਂ ਦੀ ਕਾਸ਼ਤ ਕਰਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਬਾਗ਼ਾਂ ਦੀ ਸਿਧਾਈ/ਕਾਂਟ ਛਾਂਟ ਦੇ ਮਿਥੇ ਟੀਚੇ 600 ਹੈਕਟੇਅਰ ਵਿਚੋਂ 450 ਹੈਕਟੇਅਰ ਪ੍ਰਾਪਤ ਕਰ ਲਿਆ ਗਿਆ ਹੈ। ਪਸ਼ੂ ਪਾਲਨ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਪਸ਼ੂਆਂ ਨੂੰ ਮੂੰਹ ਖੋਰ, ਗਲਘੋਟੂ ਵੈਕਸੀਨ ਦਾ ਮਿਥਿਆ ਟੀਚਾ ਪ੍ਰਾਪਤ ਕਰ ਲਿਆ ਗਿਆ ਹੈ ਤੇ ਕਿਸਾਨਾਂ ਨੂੰ ਪਸ਼ੂ ਭਲਾਈ ਤੇ ਕਿਸਾਨ ਜਾਗਰੂਕਤਾ ਸੰਬੰਧੀ ਜ਼ਿਲ੍ਹੇ 'ਚ 127 ਕੈਂਪ ਲਗਾਏ ਗਏ ਹਨ। ਇਸ ਤੋਂ ਇਲਾਵਾ ਮੀਟਿੰਗ ਵਿਚ ਭੂਮੀ ਰੱਖਿਆ ਵਿਭਾਗ, ਡਿਪਟੀ ਰਜਿਸਟਰਾਰ ਕੋ-ਅਪ੍ਰੇਟਿਵ ਸੁਸਾਇਟੀ, ਪੀ.ਐਸ.ਪੀ.ਸੀ.ਐਲ., ਮੱਛੀ ਪਾਲਨ ਵਿਭਾਗ, ਸੈਰੀਕਲਚਰ ਵਿਭਾਗ ਦੇ ਅਧਿਕਾਰੀਆਂ ਨੇ ਆਪਣੇ ਵਿਭਾਗ ਨਾਲ ਸਬੰਧਿਤ ਸਕੀਮਾਂ ਤੇ ਪ੍ਰਗਤੀ ਬਾਰੇ ਜਾਣਕਾਰੀ ਦਿੱਤੀ।

ਡਿਪਟੀ ਕਮਿਸ਼ਨਰ ਡਾ: ਪੱਲਵੀ ਜ਼ਿਲ੍ਹਾ ਖੇਤੀਬਾੜੀ ਉਤਪਾਦਨ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ। ਤਸਵੀਰ: ਸੰਧੂ/ਵਿਨੋਦ

ਮੀਟਿੰਗ ਦੌਰਾਨ ਹਾਜ਼ਰ ਕਾਂਗਰਸੀ ਵਰਕਰ। ਤਸਵੀਰ: ਸੋਹਨ ਲਾਲ

ਸਾਬਕਾ ਵਿਧਾਇਕ ਜੋਗਿੰਦਰ ਪਾਲ ਦੀ ਅਗਵਾਈ ਹੇਠ ਭੋਆ ਹਲਕੇ 'ਚ ਕਾਂਗਰਸ ਹੋਈ ਮਜ਼ਬੂਤ-ਮਾਸਟਰ ਰਣਵਿਜੇ ਸਿੰਘ

ਤਾਰਾਗੜ੍ਹ, 27 ਨਵੰਬਰ (ਸੋਹਨ ਲਾਲ)-ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੀ ਤਿਆਰੀ ਤੇਜ਼ ਹੋ ਗਈ ਹੈ। ਬਲਾਕ ਬਮਿਆਲ ਦੇ ਕਾਂਗਰਸੀ ਵਰਕਰਾਂ ਵਲੋਂ ਅੱਡਾ ਬਨੀ ਲੋਧੀ ਸਥਿਤ ਕਾਂਗਰਸ ਦਫ਼ਤਰ ਵਿਖੇ ਮੀਟਿੰਗ ਕੀਤੀ ਗਈ ਜਿਸ ਦੀ ਪ੍ਰਧਾਨਗੀ ਬਲਾਕ ਪ੍ਰਧਾਨ ਹਰਸ਼ ਸ਼ਰਮਾ ਤਾਰਾਗੜ੍ਹ ਅਤੇ ਸੀਨੀਅਰ ਕਾਂਗਰਸੀ ਆਗੂ ਮਾਸਟਰ ਰਣਵਿਜੇ ਸਿੰਘ ਨੇ ਕੀਤੀ। ਸਾਬਕਾ ਵਿਧਾਇਕ ਜੋਗਿੰਦਰ ਪਾਲ ਇਸ ਮੀਟਿੰਗ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਆਉਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਬਾਰੇ ਵਰਕਰਾਂ ਦੇ ਸੁਝਾਅ ਮੰਗੇ। ਮੀਟਿੰਗ ਵਿਚ ਸਾਬਕਾ ਵਿਧਾਇਕ ਜੋਗਿੰਦਰ ਪਾਲ ਨੇ ਵਰਕਰਾਂ ਨੂੰ ਪਾਰਟੀ ਦੀਆਂ ਨੀਤੀਆਂ ਨੂੰ ਜਨਤਾ ਤੱਕ ਪਹੁੰਚਾਉਣ ਲਈ ਸਸ਼ਤ ਮਿਹਨਤ ਕਰਨ ਦੀ ਅਪੀਲ ਕੀਤੀ ਅਤੇ ਕਾਂਗਰਸ ਪਾਰਟੀ ਆਉਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿਚ ਇਸ ਮਿਹਨਤ ਦਾ ਫਲ ਪ੍ਰਾਪਤ ਕਰੇਗੀ ਕਿਉਂਕਿ ਆਮ ਆਦਮੀ ਪਾਰਟੀ ਅਤੇ ਭਾਰਤੀ ਜਨਤਾ ਪਾਰਟੀ ਤੋਂ ਲੋਕ ਬਹੁਤ ਨਾਰਾਜ਼ ਹਨ। ਇਸ ਮੌਕੇ ਸਾਬਕਾ ਚੇਅਰਮੈਨ ਤਰਸੇਮ ਲਾਲ, ਸਾਬਕਾ ਸਰਪੰਚ ਰਵਿੰਦਰ ਸ਼ਰਮਾ, ਜਗਮੋਹਨ ਸਿੰਘ, ਕਾਲੀ ਠਾਕੁਰ, ਕਾਲੀ, ਮੱਖਣੂ, ਸਪਨਾ ਠਾਕੁਰ, ਸੁਮਨ ਲਤਾ, ਗੋਗੀ ਕਥਲੌਰ ਅਤੇ ਕਾਂਗਰਸ ਵਰਕਰ ਹਾਜ਼ਰ ਸਨ।

ਪਿੰਡ ਨੌਸ਼ਹਿਰਾ ਨਲਬੰਦਾ ਵਿਖੇ ਜੇਤੂ ਟੀਮ ਨਾਲ ਅਹੁਦੇਦਾਰ। ਤਸਵੀਰ: ਸੰਜੀਵ ਗੁਪਤਾ

ਨੌਸ਼ਹਿਰਾ ਵਿਚ ਅੰਡਰ-17 ਦੂਸਰਾ ਕ੍ਰਿਕਟ ਟੂਰਨਾਮੈਂਟ ਕਰਵਾਇਆ

ਘਰੋਟਾ, 27 ਨਵੰਬਰ (ਸੰਜੀਵ ਗੁਪਤਾ)-ਨੌਸ਼ਹਿਰਾ ਨਲਬੰਦਾ ਵਿਚ ਦੂਜਾ ਅੰਡਰ-17 ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ ਜਿਸ ਵਿਚ ਇਲਾਕੇ ਦੀਆਂ ਪ੍ਰਸਿੱਧ ਟੀਮਾਂ ਨੇ ਭਾਗ ਲਿਆ। ਟੂਰਨਾਮੈਂਟ ਦੀ ਪ੍ਰਧਾਨਗੀ ਯੂਥ ਕਲੱਬ ਦੇ ਪ੍ਰਧਾਨ ਕਰਣਦੀਪ ਸਿੰਘ ਨੇ ਕੀਤੀ। ਸਮਾਗਮ ਦੇ ਵਿਸ਼ੇਸ਼ ਮਹਿਮਾਨ 3 ਸਾਲ ਪਹਿਲਾਂ ਸਦੀਵੀਂ ਵਿਛੋੜਾ ਦੇ ਗਏ ਨੌਜਵਾਨ ਨਵਜੋਤ ਸਿੰਘ ਤੇ ਜਸ਼ਨ ਸਿੰਘ ਦੇ ਮਾਤਾ-ਪਿਤਾ ਰਹੇ। ਨੌਜਵਾਨਾਂ ਵਲੋਂ ਦੋਵੇਂ ਪਰਿਵਾਰਾਂ ਨੂੰ ਵਿਸ਼ੇਸ਼ ਸਨਮਾਨ ਵੀ ਪੇਸ਼ ਕੀਤਾ ਗਿਆ। ਟੂਰਨਾਮੈਂਟ ਦਾ ਸੈਮੀਫਾਈਨਲ ਮੈਚ ਤਲਵਾੜਾ ਜੱਟਾਂ ਤੇ ਨੂਰ ਕਲੱਬ ਵਿਚਕਾਰ ਖੇਡਿਆ ਗਿਆ ਜਿਸ ਨੇ ਖੇਡ ਪ੍ਰੇਮੀਆਂ ਦੀ ਵੱਡੀ ਭੀੜ ਨੂੰ ਆਕਰਸ਼ਿਤ ਕੀਤਾ। ਮੈਦਾਨ ਵਿਚ ਦੋਵੇਂ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਟੂਰਨਾਮੈਂਟ ਦੇ ਨਤੀਜਿਆਂ ਅਨੁਸਾਰ ਮੈਨ ਆਫ਼ ਦ ਮੈਚ ਪ੍ਰਿੰਸ ਤੇ ਬੈਸਟ ਪਲੇਅਰ ਪੁਨੀਤ ਸਿੰਘ ਰਹੇ। ਇਸ ਮੌਕੇ ਯੂਥ ਪ੍ਰਧਾਨ ਕਰਣਦੀਪ ਸਿੰਘ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸਮਾਂ ਦੀ ਲੋੜ ਹੈ। ਖੇਡਾਂ ਨਾਲ ਨਿਵੇਕਲਾਪਣ, ਅਨੁਸ਼ਾਸਨ ਤੇ ਸਿਹਤਮੰਦ ਮਾਹੌਲ ਬਣਦਾ ਹੈ। ਉਨ੍ਹਾਂ ਕਿਹਾ ਕਿ ਯੂਥ ਕਲੱਬ ਹਮੇਸ਼ਾ ਇਲਾਕੇ ਦੇ ਨੌਜਵਾਨਾਂ ਲਈ ਖੇਡਾਂ ਤੇ ਸਮਾਜਿਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਦਾ ਰਹੇਗਾ। ਅੰਤ ਵਿਚ ਜੇਤੂ ਟੀਮਾਂ ਨੂੰ ਇਨਾਮ ਵੰਡੇ ਗਏ ਤੇ ਖਿਡਾਰੀਆਂ ਦੇ ਹੌਸਲੇ ਵਧਾਏ ਗਏ। ਮੌਕੇ 'ਤੇ ਪਿੰਡਾਂ ਦੇ ਨੌਜਵਾਨਾਂ, ਖੇਡ ਪ੍ਰੇਮੀਆਂ ਤੇ ਸਥਾਨਕ ਵਾਸੀਆਂ ਦੀ ਵੱਡੀ ਗਿਣਤੀ ਹਾਜ਼ਰ ਰਹੀ।

ਡੇਅਰੀ ਫਾਰਮਿੰਗ ਲਈ ਚਾਰ ਹਫ਼ਤੇ ਡੇਅਰੀ ਉੱਦਮ ਸਿਖਲਾਈ ਕੋਰਸ 1 ਦਸੰਬਰ ਤੋਂ

ਪਠਾਨਕੋਟ, 27 ਨਵੰਬਰ (ਸੰਧੂ)- ਖੇਤੀ ਵਿਚ ਵਿਭਿੰਨਤਾ ਲਿਆਉਣ ਅਤੇ ਕਿਸਾਨਾਂ ਦੀ ਆਮਦਨ ਵਿਚ ਵਾਧਾ ਕਰਨ ਲਈ ਡੇਅਰੀ ਦੇ ਕਿੱਤੇ ਨੂੰ ਸਹਾਇਕ ਧੰਦੇ ਵਜੋਂ ਅਪਣਾਉਣ ਲਈ ਜ਼ਿਲ੍ਹਾ ਪਠਾਨਕੋਟ ਨਾਲ ਸਬੰਧਿਤ ਡੇਅਰੀ ਫਾਰਮਰਾਂ ਲਈ 4 ਹਫ਼ਤੇ ਦਾ ਡੇਅਰੀ ਉੱਦਮ ਸਿਖਲਾਈ ਕੋਰਸ ਮਿਤੀ 01-12-2025 ਤੋਂ 30-12-2025 ਤੱਕ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ ਵੇਰਕਾ (ਅੰਮ੍ਰਿਤਸਰ) ਵਿਖੇ ਚਲਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਸ਼ਮੀਰ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਪਠਾਨਕੋਟ ਨੇ ਦੱਸਿਆ ਕਿ ਡੇਅਰੀ ਉੱਦਮ ਸਿਖਲਾਈ ਵਿਚ ਦੁਧਾਰੂ ਪਸ਼ੂਆਂ ਦੀ ਖ਼ਰੀਦ ਤੋਂ ਲੈ ਕੇ ਰੱਖ-ਰਖਾਅ, ਖਾਦ ਖ਼ੁਰਾਕ, ਨਸਲ ਸੁਧਾਰ, ਸਾਂਭ-ਸੰਭਾਲ, ਸੁਚੱਜੇ-ਮੰਡੀਕਰਨ ਤੇ ਏ.ਆਈ. ਦੇ ਪ੍ਰੈਕਟੀਕਲ ਆਦਿ ਨਵੀਨਤਮ ਤਕਨੀਕਾਂ ਬਾਰੇ ਟਰੇਨਿੰਗ ਦਿੱਤੀ ਜਾਵੇਗੀ। ਇਸ ਸਿਖਲਾਈ ਕੋਰਸ ਵਿਚ ਭਾਗ ਲੈਣ ਵਾਲਾ ਸਿੱਖਿਆਰਥੀ ਪੇਂਡੂ ਖੇਤਰ ਦਾ ਵਸਨੀਕ, ਘੱਟੋ-ਘੱਟ 10ਵੀਂ ਪਾਸ ਉਮਰ 18 ਤੋਂ 55 ਸਾਲ ਤੱਕ ਹੋਵੇ। ਚਾਹਵਾਨ ਸਿੱਖਿਆਰਥੀ ਆਪਣੇ ਦਸਤਾਵੇਜ਼ ਜਿਵੇਂ ਯੋਗਤਾ ਸਰਟੀਫਿਕੇਟ, 1 ਪਾਸਪੋਰਟ ਸਾਈਜ਼ ਫ਼ੋਟੋ, ਆਧਾਰ ਕਾਰਡ, ਪੈਨ ਕਾਰਡ, ਜਾਤੀ ਸਰਟੀਫਿਕੇਟ ਲੈ ਕੇ 01-12-2025 ਤੋਂ ਪਹਿਲਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਦੂਜੀ ਮੰਜ਼ਿਲ, ਕਮਰਾ ਨੰਬਰ 345-ਏ ਵਿਖੇ ਪਹੁੰਚ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਟਰੇਨਿੰਗ ਲਈ ਜਨਰਲ ਕੈਟਾਗਰੀ ਦੇ ਕਿਸਾਨਾਂ ਲਈ ਫ਼ੀਸ 5000/- ਰੁਪਏ ਹੈ ਤੇ ਅਨੁਸੂਚਿਤ ਜਾਤੀ ਦੇ ਕਿਸਾਨਾਂ ਲਈ ਫ਼ੀਸ 4000/- ਰੁਪਏ ਹੈ। ਸਿਖਲਾਈ ਸਫਲਤਾ ਪੂਰਵਕ ਪ੍ਰਾਪਤ ਕਰਨ ਉਪਰੰਤ ਵਿਭਾਗ ਵਲੋਂ 2 ਤੋਂ 20 ਪਸ਼ੂਆਂ ਦੇ ਡੇਅਰੀ ਯੂਨਿਟ ਉੱਪਰ ਵੱਖ-ਵੱਖ ਬੈਂਕਾਂ ਤੋਂ ਡੇਅਰੀ ਕਰਜ਼ੇ ਦੀ ਸੁਵਿਧਾ ਰਾਹੀਂ 25 ਫੀਸਦੀ ਜਨਰਲ ਤੇ 33 ਫੀਸਦੀ ਅ: ਜਾਤੀ ਲਈ ਸਬਸਿਡੀ ਮੁਹੱਈਆ ਕਰਵਾਈ ਜਾਵੇਗੀ।

ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਪਠਾਨਕੋਟ ਕਸ਼ਮੀਰ ਸਿੰਘ

ਸਟੇਟ ਬੈਂਕ ਆਫ਼ ਇੰਡੀਆ ਬਰਾਂਚ ਦੁਨੇਰਾ ਦੇ ਅਧਿਕਾਰੀ ਸਰਕਾਰੀ ਸਕੂਲ ਦੁਨੇਰਾ ਦੇ ਹੋਣਹਾਰ ਵਿਦਿਆਰਥਣਾਂ ਨੂੰ ਸਾਈਕਲ ਵੰਡਦੇ ਹੋਏ। ਤਸਵੀਰ: ਪਠਾਨੀਆ

ਸਟੇਟ ਬੈਂਕ ਆਫ ਇੰਡੀਆ ਬਰਾਂਚ ਦੁਨੇਰਾ ਨੇ ਹੋਣਹਾਰ ਵਿਦਿਆਰਥਣਾਂ ਨੂੰ ਵੰਡੇ ਸਾਈਕਲ

ਧਾਰਕਲਾਂ, 27 ਨਵੰਬਰ (ਨਰੇਸ਼ ਪਠਾਨੀਆ)-ਸਟੇਟ ਬੈਂਕ ਆਫ ਇੰਡੀਆ ਦੁਨੇਰਾ ਬਰਾਂਚ ਦੇ ਮੈਨੇਜਰ ਇਕਬਾਲ ਹਮੀਦ ਨੇ ਦੁਨੇਰਾ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੁਨੇਰਾ ਦੀਆਂ ਹੋਣਹਾਰ ਵਿਦਿਆਰਥਣਾਂ ਨੂੰ ਸਾਈਕਲ ਵੰਡੇ। ਉਨ੍ਹਾਂ ਕਿਹਾ ਕਿ ਸਟੇਟ ਬੈਂਕ ਆਫ਼ ਇੰਡੀਆ ਸਮੇਂ-ਸਮੇਂ 'ਤੇ ਆਪਣੇ ਗ੍ਰਾਹਕਾਂ ਤੇ ਸਮਾਜ ਦੇ ਹੋਣਹਾਰ ਵਿਦਿਆਰਥੀਆਂ ਲਈ ਹੋਰ ਵੀ ਕਈ ਸਕੀਮਾਂ ਦੇਣ ਲਈ ਵਚਨਬੱਧ ਹੈ ਤੇ ਸਮੇਂ-ਸਮੇਂ 'ਤੇ ਉਹ ਸਮਾਜ ਦੇ ਲੋੜਵੰਦ ਵਿਅਕਤੀਆਂ ਦੀ ਸੇਵਾ ਕਰਦਾ ਹੈ। ਸਮਾਗਮ 'ਚ ਉਨ੍ਹਾਂ ਨੇ ਪੰਜ ਵਿਦਿਆਰਥਣਾਂ ਨੂੰ ਸਾਈਕਲ ਭੇਟ ਕੀਤੇ। ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੁਨੇਰਾ ਦੇ ਪ੍ਰਿੰਸੀਪਲ ਗੁਰਜੀਤ ਕੌਰ ਨਾਲ ਸਕੂਲ ਸਟਾਫ਼ ਤੇ ਸਟੇਟ ਬੈਂਕ ਆਫ਼ ਇੰਡੀਆ ਦੇ ਸਟਾਫ਼ ਮੈਂਬਰ ਰਣਜੀਤ ਰਾਣਾ, ਸੁਮਿਤ ਕੁਮਾਰ ਤੇ ਤੇਜਿੰਦਰ ਰਾਣਾ ਮੌਜੂਦ ਸਨ।

ਫੜੇ ਗਏ ਦੋਸ਼ੀ ਪੁਲਿਸ ਪਾਰਟੀ ਨਾਲ ਅਤੇ ਪੁਲਿਸ ਵਲੋਂ ਜ਼ਬਤ ਕੀਤਾ ਗਿਆ ਟਰੱਕ ਟਿੱਪਰ। ਤਸਵੀਰ: ਵਿਨੋਦ/ਸੋਹਨ ਲਾਲ

ਬਿਨਾਂ ਨੰਬਰ ਪਲੇਟਾਂ ਮਾਈਨਿੰਗ ਮਟੀਰੀਅਲ ਲਿਜਾਂਦੇ 9 ਵਿਅਕਤੀ ਕਾਬੂ

4 ਲੋਡਿਡ ਟਿੱਪਰ ਅਤੇ 2 ਕਾਰਾਂ ਜ਼ਬਤ

ਪਠਾਨਕੋਟ/ਤਾਰਾਗੜ੍ਹ, 27 ਨਵੰਬਰ (ਵਿਨੋਦ/ਸੋਹਨ ਲਾਲ)- ਪਠਾਨਕੋਟ ਪੁਲਿਸ ਵਲੋਂ ਮਾਈਨਿੰਗ ਦੇ ਖ਼ਿਲਾਫ਼ ਵੱਡੀ ਕਾਰਵਾਈ ਕਰਦੇ ਹੋਏ ਬਿਨਾਂ ਨੰਬਰ ਪਲੇਟਾਂ ਤੇ ਮਾਈਨਿੰਗ ਲੋਡਿਡ 4 ਟਿੱਪਰ, ਰੈਕੀ ਕਰਦੀਆ ਕਾਰਾਂ 2 ਸਮੇਤ 9 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਜਾਣਕਾਰੀ ਦਿੰਦੇ ਹੋਏ ਐੱਸ.ਐੱਸ.ਪੀ. ਦਲਜਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਪਿਛਲੇ ਦਿਨ ਟੋਲ ਪਲਾਜ਼ਾ ਦੇ ਅਧਿਕਾਰੀਆਂ ਤੋਂ ਸ਼ਿਕਾਇਤ ਮਿਲੀ ਸੀ ਕਿ ਕੁਝ ਸਮੇਂ ਤੋਂ ਬਹੁਤ ਸਾਰੇ ਟਰੱਕ ਤੇ ਟਿੱਪਰ ਅੰਮ੍ਰਿਤਸਰ ਖੇਤਰ ਵੱਲ ਜਾ ਰਹੇ ਸਨ, ਬਿਨਾਂ ਨੰਬਰ ਪਲੇਟ ਤੇ ਟੋਲ ਤੋਂ ਬਿਨਾਂ ਓਵਰਲੋਡ ਮਾਈਨਿੰਗ ਸਮਗਰੀ ਦੇ ਨਾਲ ਹਨ। ਸ਼ਿਕਾਇਤ ਦੇ ਆਧਾਰ 'ਤੇ ਪਰਮਾਨੰਦ ਦੇ ਬਲਾਕ 'ਤੇ ਤਾਇਨਾਤ ਪੁਲਿਸ ਟੀਮ ਨੇ ਵਾਹਨਾਂ ਦੀ ਜਾਂਚ ਕੀਤੀ ਤੇ ਬਿਨਾਂ ਨੰਬਰ ਪਲੇਟਾਂ ਦੇ ਚਾਰ ਭਾਰੀ ਟਿੱਪਰ ਤੇ ਦੋ ਹੋਰ ਵਾਹਨਾਂ ਨੂੰ ਲੈ ਕੇ ਦੋ ਮਾਈਨਿੰਗ ਸਮਗਰੀ ਫੜੀ ਗਈ। ਇਨ੍ਹਾਂ ਵਾਹਨਾਂ ਦੇ ਡਰਾਈਵਰ ਬਿਨਾਂ ਕਿਸੇ ਦਸਤਾਵੇਜ਼ ਦੇ ਗੈਰ-ਕਾਨੂੰਨੀ ਤੌਰ 'ਤੇ ਓਵਰਲੋਡ ਸਮਗਰੀ ਲੈ ਕੇ ਜਾ ਰਹੇ ਸਨ। ਮੌਕੇ 'ਤੇ ਮੌਜੂਦ ਡਰਾਈਵਰਾਂ ਨੂੰ ਕਾਬੂ ਕਰਦਿਆਂ ਪੁਲਿਸ ਨੇ ਮਾਈਨਜ਼ ਐਂਡ ਮਿਨਰਲ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ। ਗ੍ਰਿਫ਼ਤਾਰ ਮੁਲਜ਼ਮਾਂ ਵਿਚ ਜੋਬਨਪ੍ਰੀਤ ਸਿੰਘ ਪੁੱਤਰ ਹਰਦੀਪ ਸਿੰਘ (ਜ਼ਿਲ੍ਹਾ ਗੁਰਦਾਸਪੁਰ), ਸੈਮਸਨ ਪੁੱਤਰ ਰਾਜ ਮਸੀਹ (ਜ਼ਿਲ੍ਹਾ ਗੁਰਦਾਸਪੁਰ), ਹਰਦੇਵ ਸਿੰਘ ਪੁੱਤਰ ਬਲਵੰਤ ਸਿੰਘ (ਜ਼ਿਲ੍ਹਾ ਅੰਮ੍ਰਿਤਸਰ), ਪਰਮਜੀਤ ਸਿੰਘ ਪੁੱਤਰ ਗਿਆਨ ਸਿੰਘ (ਜ਼ਿਲ੍ਹਾ ਅੰਮ੍ਰਿਤਸਰ), ਤਾਜਿੰਦਰ ਸਿੰਘ ਪੁੱਤਰ ਜਸਵੰਤ ਸਿੰਘ (ਜ਼ਿਲ੍ਹਾ ਗੁਰਦਾਸਪੁਰ), ਅੰ